# TODAY'S HUKAMNAMA FROM SRI DARBAR SAHIB, Sri Amritsar.

**[July 29th, 2024 – Monday - 04:45 AM. IST]**

ਰਾਮਕਲੀ ਮਹਲਾ ੫ ॥

ਜੋ ਤਿਸੁ ਭਾਵੈ ਸੋ ਥੀਆ ॥ ਸਦਾ ਸਦਾ ਹਰਿ ਕੀ ਸਰਣਾਈ ਪ੍ਰਭ ਬਿਨੁ ਨਾਹੀ ਆਨ ਬੀਆ ॥੧॥ ਰਹਾਉ ॥ ਪੁਤੁ ਕਲਤ੍ਰੁ ਲਖਿਮੀ ਦੀਸੈ ਇਨ ਮਹਿ ਕਿਛੂ ਨ ਸੰਗਿ ਲੀਆ ॥ ਬਿਖੈ ਠਗਉਰੀ ਖਾਇ ਭੁਲਾਨਾ ਮਾਇਆ ਮੰਦਰੁ ਤਿਆਗਿ ਗਇਆ ॥੧॥ ਨਿੰਦਾ ਕਰਿ ਕਰਿ ਬਹੁਤੁ ਵਿਗੂਤਾ ਗਰਭ ਜੋਨਿ ਮਹਿ ਕਿਰਤਿ ਪਇਆ ॥ ਪੁਰਬ ਕਮਾਣੇ ਛੋਡਹਿ ਨਾਹੀ ਜਮਦੂਤਿ ਗ੍ਰਾਸਿਓ ਮਹਾ ਭਇਆ ॥੨॥ ਬੋਲੈ ਝੂਠੁ ਕਮਾਵੈ ਅਵਰਾ ਤ੍ਰਿਸਨ ਨ ਬੂਝੈ ਬਹੁਤੁ ਹਇਆ ॥ ਅਸਾਧ ਰੋਗੁ ਉਪਜਿਆ ਸੰਤ ਦੂਖਨਿ ਦੇਹ ਬਿਨਾਸੀ ਮਹਾ ਖਇਆ ॥੩॥ ਜਿਨਹਿ ਨਿਵਾਜੇ ਤਿਨ ਹੀ ਸਾਜੇ ਆਪੇ ਕੀਨੇ ਸੰਤ ਜਇਆ ॥ ਨਾਨਕ ਦਾਸ ਕੰਠਿ ਲਾਇ ਰਾਖੇ ਕਰਿ ਕਿਰਪਾ ਪਾਰਬ੍ਰਹਮ ਮਇਆ ॥੪॥੪੪॥੫੫॥

ਸੋਮਵਾਰ, ੧੪ ਸਾਵਣ (ਸੰਮਤ ੫੫੬ ਨਾਨਕਸ਼ਾਹੀ) ੨੯ ਜੁਲਾਈ, ੨੦੨੪ (ਅੰਗ:੯੦੦)

ਪੰਜਾਬੀ ਵਿਆਖਿਆ:

ਰਾਮਕਲੀ ਮਹਲਾ ੫ ॥

ਹੇ ਭਾਈ! ਜੋ ਕੁਝ ਪ੍ਰਭੂ ਨੂੰ ਚੰਗਾ ਲੱਗਦਾ ਹੈ ਉਹੀ ਹੋ ਰਿਹਾ ਹੈ । (ਇਸ ਵਾਸਤੇ) ਸਦਾ ਹੀ ਉਸ ਪ੍ਰਭੂ ਦੀ ਸਰਨ ਪਿਆ ਰਹੁ । ਪ੍ਰਭੂ ਤੋਂ ਬਿਨਾ ਕੋਈ ਹੋਰ ਦੂਜਾ (ਕੁਝ ਕਰਨ-ਜੋਗਾ) ਨਹੀਂ ਹੈ ।੧।ਰਹਾਉ। ਹੇ ਭਾਈ! ਪੁੱਤਰ, ਇਸਤ੍ਰੀ, ਮਾਇਆ—ਇਹ ਜੋ ਕੁਝ ਦਿੱਸ ਰਿਹਾ ਹੈ, ਇਹਨਾਂ ਵਿਚੋਂ ਕੁਝ ਭੀ (ਅੰਤ ਵੇਲੇ ਜੀਵ) ਆਪਣੇ ਨਾਲ ਨਹੀਂ ਲੈ ਜਾਂਦਾ । ਵਿਸ਼ੇ-ਵਿਕਾਰਾਂ ਦੀ ਠਗਬੂਟੀ ਖਾ ਕੇ ਜੀਵ ਕੁਰਾਹੇ ਪਿਆ ਰਹਿੰਦਾ ਹੈ, ਆਖ਼ਰ ਇਹ ਮਾਇਆ, ਇਹ ਸੋਹਣਾ ਘਰ (ਸਭ ਕੁਝ) ਛੱਡ ਕੇ ਤੁਰ ਜਾਂਦਾ ਹੈ ।੧। ਹੇ ਭਾਈ! ਜੀਵ ਦੂਜਿਆਂ ਦੀ ਨਿੰਦਾ ਕਰ ਕਰ ਕੇ ਬਹੁਤ ਖ਼ੁਆਰ ਹੁੰਦਾ ਰਹਿੰਦਾ ਹੈ, ਤੇ ਆਪਣੇ ਇਸ ਕੀਤੇ ਅਨੁਸਾਰ ਜਨਮ ਮਰਨ ਦੇ ਗੇੜ ਵਿਚ ਜਾ ਪੈਂਦਾ ਹੈ । (ਇਹ ਆਮ ਅਸੂਲ ਦੀ ਗੱਲ ਹੈ ਕਿ) ਪੂਰਬਲੇ ਕੀਤੇ ਕਰਮਾਂ ਦੇ ਸੰਸਕਾਰ ਜੀਵ ਨੂੰ ਛੱਡਦੇ ਨਹੀਂ ਹਨ, ਤੇ ਵੱਡਾ ਭਿਆਨਕ ਜਮਦੂਤ ਇਸ ਨੂੰ ਕਾਬੂ ਕਰੀ ਰੱਖਦਾ ਹੈ ।੨। (ਮਾਇਆ ਦੇ ਮੋਹ ਦੀ ਠਗਬੂਟੀ ਖਾ ਕੇ ਮਾਇਆ ਦੀ ਖ਼ਾਤਰ ਜੀਵ) ਝੂਠ ਬੋਲਦਾ ਹੈ (ਮੂੰਹੋਂ ਆਖਦਾ ਹੋਰ ਹੈ, ਤੇ) ਕਮਾਂਦਾ ਕੁਝ ਹੋਰ ਹੈ, ਇਸ ਦੀ ਮਾਇਆ ਦੀ ਤ੍ਰਿਸ਼ਨਾ ਬੁੱਝਦੀ ਨਹੀਂ, ਮਾਇਆ ਦੀ 'ਹਾਇ ਹਾਇ' ਸਦਾ ਇਸ ਨੂੰ ਲੱਗੀ ਰਹਿੰਦੀ ਹੈ । ਸੰਤ ਜਨਾਂ ਦੀ ਨਿੰਦਾ ਕਰਨ ਦੇ ਕਾਰਨ (ਮਾਇਆ ਦੀ ਤ੍ਰਿਸ਼ਨਾ ਦਾ) ਲਾ-ਇਲਾਜ ਰੋਗ (ਜੀਵ ਦੇ ਅੰਦਰ) ਪੈਦਾ ਹੋ ਜਾਂਦਾ ਹੈ, ਇਸ ਵੱਡੇ ਖਈ ਰੋਗ ਦੇ ਵਿਚ ਹੀ ਇਸ ਦਾ ਸਰੀਰ ਨਾਸ ਹੋ ਜਾਂਦਾ ਹੈ ।੩। (ਪਰ, ਹੇ ਭਾਈ! ਸੰਤ ਜਨਾਂ ਦੀ ਨਿੰਦਾ ਤੋਂ ਜੀਵ ਨੂੰ ਹਾਸਲ ਕੁਝ ਨਹੀਂ ਹੁੰਦਾ) ਪ੍ਰਭੂ ਨੇ ਆਪ ਹੀ ਸੰਤ ਜਨਾਂ ਨੂੰ ਜਿੱਤ ਦਾ ਮਾਲਕ ਬਣਾਇਆ ਹੁੰਦਾ ਹੈ, ਉਹਨਾਂ ਨੂੰ ਉਸੇ ਪ੍ਰਭੂ ਨੇ ਪੈਦਾ ਕੀਤਾ ਹੋਇਆ ਹੈ ਜਿਸ ਨੇ ਉਹਨਾਂ ਨੂੰ ਆਦਰ-ਸਤਕਾਰ ਦਿੱਤਾ ਹੋਇਆ ਹੈ । ਹੇ ਨਾਨਕ! ਪਰਮਾਤਮਾ ਮਿਹਰ ਕਰ ਕੇ ਦਇਆ ਕਰ ਕੇ ਆਪਣੇ ਦਾਸਾਂ ਨੂੰ ਆਪ ਹੀ ਆਪਣੇ ਗਲ ਨਾਲ ਲਾਈ ਰੱਖਦਾ ਹੈ ।੪।੪੪।੫੫।

**English Translation:**

**RAAMKALEE, FIFTH MEHL:**

Whatever pleases Him happens. Forever and ever, I seek the Sanctuary of the Lord. There is none other than God. || 1 || Pause || You look upon your children, spouse and wealth; none of these will go along with you. Eating the poisonous potion, you have gone astray. You will have to go, and leave Maya and your mansions. || 1 || Slandering others, you are totally ruined; because of your past actions, you shall be consigned to the womb of reincarnation. Your past actions will not just go away; the most horrible Messenger of Death shall seize you. || 2 || You tell lies, and do not practice what you preach. Your desires are not satisfied — what a shame. You have contracted an incurable disease; slandering the Saints, your body is wasting away; you are utterly ruined. || 3 || He embellishes those whom He has fashioned. He Himself gave life to the Saints. O Nanak, He hugs His slaves close in His Embrace. Please grant Your Grace, O Supreme Lord God, and be kind to me as well. || 4 || 44 || 55 ||

**Monday, 14th Saawan (Samvat 556 Nanakshahi) 29th July 2024 (Page: 900)**